# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :08-01-2026**

ਕੇਂਦਰ ਸਰਕਾਰ ਨੇ ਭਾਰਤ ਦੀ 2027 ਦੀ ਮਰਦਮ-ਸ਼ੁਮਾਰੀ ਦੇ ਪਹਿਲੇ ਗੇੜ ਲਈ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਏ । ਇਸ ਸਾਲ ਪਹਿਲੀ ਅਪ੍ਰੈਲ ਤੋਂ 30 ਸਤੰਬਰ ਦਰਮਿਆਨ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਘਰ-ਘਰ ਜਾ ਕੇ ਮਰਦਮ-ਸ਼ੁਮਾਰੀ ਦਾ ਕੰਮ ਕੀਤਾ ਜਾਵੇਗਾ। ਮਰਦਮ-ਸ਼ੁਮਾਰੀ ਦਾ ਕੰਮ ਹਰੇਕ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਵਲੋਂ ਨਿਰਧਾਰਤ 30 ਦਿਨਾਂ ਦੀ ਮਿਆਦ ਦੌਰਾਨ ਕੀਤਾ ਜਾਵੇਗਾ। ਗ੍ਰਿਹ ਮੰਤਰਾਲੇ ਵਲੋਂ ਜਾਰੀ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਏ, ਕਿ ਹਰੇਕ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਵਲੋਂ ਸੂਚਿਤ ਕੀਤੇ ਗਏ ਪ੍ਰੋਗਰਾਮ ਮੁਤਾਬਿਕ, ਘਰ-ਘਰ ਜਾ ਕੇ ਮਰਦਮਸ਼ੁਮਾਰੀ ਸ਼ੁਰੂ ਹੋਣ ਤੋਂ 15 ਦਿਨ ਪਹਿਲਾਂ ਸਵੈ-ਗਣਨਾ ਉਪਲਬਧ ਹੋਵੇਗੀ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ, ਰਾਬਤੇ ਵਾਲੇ ਵਿਲੱਖਣ ਪ੍ਰੋਗਰਾਮ, "ਪਰੀਕ੍ਸ਼ਾ ਪੇ ਚਰਚਾ" ਲਈ ਹੁਣ ਤੱਕ 4 ਕਰੋੜ ਤੋਂ ਵੱਧ

ਰਜਿਸਟ੍ਰੇਸ਼ਨਸ ਹੋਈਆਂ ਨੇ। ਪ੍ਰਧਾਨ ਮੰਤਰੀ ਨੇ ਇਸ ਸਾਲ ਦੇ ਪ੍ਰੋਗਰਾਮ ਲਈ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਤੋਂ ਸੁਝਾਅ ਮੰਗੇ ਨੇ . ਸ਼੍ਰੀ ਮੋਦੀ ਨੇ ਕਿਹਾ ਕਿ 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਨੇੜੇ ਆਉਣ ਦੇ ਨਾਲ, ਉਹ ਇੱਕ ਵਾਰ ਫਿਰ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨਾਲ ਪ੍ਰੀਖਿਆਵਾਂ ਦੇ ਵੱਖ-ਵੱਖ ਪਹਿਲੂਆਂ 'ਤੇ ਗੱਲਬਾਤ ਕਰਨਗੇ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੋਸ਼ਣ ਅਭਿਆਨ ਤਹਿਤ ਸੂਬਾ ਅਤੇ ਰਾਜ ਪੱਧਰ ’ਤੇ ਸਮਰਥਾ ਵਿਕਾਸ ਅਤੇ ਜਾਗਰੂਕਤਾ ਪ੍ਰੋਗਰਾਮ ਅਮਲ ਵਿੱਚ ਲਿਆਂਦੇ ਜਾ ਰਹੇ ਹਨ ਤਾਂ ਜੋ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਿੱਖਣ ਦੇ ਨਤੀਜਿਆਂ ਨੂੰ ਮਜ਼ਬੂਤ ਕੀਤਾ ਜਾ ਸਕੇ। ਕੱਲ ਮਲੋਟ ਵਿਖੇ ਪੋਸ਼ਣ ਅਭਿਆਨ ਦੇ ਅਧੀਨ ਰਾਜ ਪੱਧਰੀ ਪੋਸ਼ਣ ਜਾਗਰੂਕਤਾ ਅਤੇ ਸਮਰਥਾ ਵਿਕਾਸ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸ਼ਿਰਕਤ ਕੀਤੀ। ਇਹ ਦਾ ਮੁੱਖ ਉਦੇਸ਼ ਜਮੀਨੀ ਪੱਧਰ ’ਤੇ ਕੰਮ ਕਰ ਰਹੇ ਕਰਮਚਾਰੀਆਂ ਦੀ ਸਮਰਥਾ ਨੂੰ ਮਜ਼ਬੂਤ ਕਰਨਾ ਅਤੇ ਪੋਸ਼ਣ ਸੰਬੰਧੀ ਯੋਜਨਾਵਾਂ ਦੀ ਪ੍ਰਭਾਵਸ਼ਾਲੀ

ਕਾਰਗੁਜ਼ਾਰੀ ਯਕੀਨੀ ਬਣਾਉਣਾ ਸੀ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮਾਂ ਅਤੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਨੂੰ ਮਜ਼ਬੂਤ ਕਰਨਾ ਪੰਜਾਬ ਸਰਕਾਰ ਦੀ ਤਰਜੀਹ ਏ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪੋਸ਼ਣ ਅਭਿਆਨ ਅਤੇ ECCE ਦੋਵੇਂ ਇਕ- ਦੂਜੇ ਨਾਲ ਜੁੜੀਆਂ ਪਹਿਲਕਦਮੀਆਂ ਨੇ।

--------------------------------------------------------------------------------

ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਪਿਛਲੇ 7 ਮਹੀਨਿਆਂ ਦੌਰਾਨ 1000 ਤੋਂ ਵੱਧ ਕਰਮਚਾਰੀਆਂ ਦੀਆਂ ਸੇਵਾਵਾਂ ਨਿਯਮਤ ਕੀਤੀਆਂ ਨੇ। ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜੰਗਲਾਤ ਕੰਪਲੈਕਸ ਵਿਖੇ ਜੰਗਲਾਤ ਵਰਕਰਜ਼ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਦੌਰਾਨ ਇਹ ਜਾਣਕਾਰੀ ਦਿੱਤੀ। ਮੰਤਰੀ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਜਾਣੂੰ ਕਰਵਾਉਂਦਿਆਂ ਦੱਸਿਆ ਕਿ ਇਸ ਸਬੰਧ ਵਿੱਚ ਏਕੀਕ੍ਰਿਤ ਮਨੁੱਖੀ ਸਰੋਤ ਪ੍ਰਬੰਧਨ ਪ੍ਰਣਾਲੀ ਆਈ.ਡੀਜ਼ ਅੱਪਡੇਟ ਕਰ ਦਿੱਤੀਆਂ ਗਈਆਂ ਹਨ ਅਤੇ ਜਲਦੀ ਹੀ ਤਨਖਾਹਾਂ ਜਾਰੀ ਕਰ ਦਿੱਤੀਆਂ ਜਾਣਗੀਆਂ। ਮੰਤਰੀ ਨੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਉਹ ਕਾਮਿਆਂ ਦੀ ਸਮੇਂ ਸਿਰ ਅਦਾਇਗੀ ਅਤੇ ਵੰਡ ਨੂੰ ਯਕੀਨੀ ਬਣਾਉਣ ਤਾਂ ਜੋ ਉਨ੍ਹਾਂ

ਦਾ ਕੋਈ ਵਿੱਤੀ ਨੁਕਸਾਨ ਨਾ ਝੱਲਣਾ ਪਵੇ। ਮੰਤਰੀ ਨੇ ਜਥੇਬੰਦੀ ਦੀਆਂ ਹੋਰ ਮੰਗਾਂ ਨੂੰ ਸੁਹਿਰਦਤਾ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਵਿਭਾਗ ਦੇ ਕਾਮਿਆਂ ਦੇ ਹਿੱਤਾਂ ਦਾ ਧਿਆਨ ਰੱਖਣਾ ਸਰਕਾਰ ਦੀ ਪਹਿਲੀ ਤਰਜੀਹ ਏ ਕਿਉਂਕਿ ਕਾਮੇ ਵਿਭਾਗ ਦਾ ਅਟੁੱਟ ਅੰਗ ਹਨ।

-----------------------------------------------------------------------------------

ਸੜਕ ਹਾਦਸਿਆਂ ਨੂੰ ਰੋਕਣ ਅਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨਾ-2026 ਤਹਿਤ ਕੱਲ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਵਿਭਾਗ ਦੇ ਸਹਿਯੋਗ ਨਾਲ ਖੇਤਰੀ ਟਰਾਂਸਪੋਰਟ ਅਫ਼ਸਰ ਅਮਨਪਾਲ ਸਿੰਘ ਵਲੋਂ ਬੀ.ਐਸ.ਐਫ. ਚੌਕ ਵਿਖੇ ਵਾਹਨਾਂ ’ਤੇ ਰਿਫਲੈਕਟਰ ਲਗਾਏ ਗਏ। ਸੜਕ ਸੁਰੱਖਿਆ ਨਿਯਮਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਹਰੇਕ ਲਈ ਸੁਰੱਖਿਅਤ ਯਾਤਰਾ ਨੂੰ ਯਕੀਨੀ ਬਣਾਉਣ ਵਿੱਚ ਯੋਗਦਾਨ ਪਾਇਆ ਜਾਵੇ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ-2026 ਦੌਰਾਨ ਸੜਕ ਸੁਰੱਖਿਆ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਜ਼ਿਲ੍ਹੇ ਵਿੱਚ ਹੋਰ ਵੀ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣਗੀਆਂ।

ਓਧਰ ਬਠਿੰਡਾ ਦੇ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਵੀ ਸੜਕ ਸੁਰੱਖਿਆ ਦੇ ਮੱਦੇਨਜ਼ਰ ਜਨਵਰੀ ਦਾ ਪੂਰਾ ਮਹੀਨਾ ਚਲਾਈ ਜਾਣ ਵਾਲੀ ਵਿਸ਼ੇਸ਼ ਮੁਹਿੰਮ ਸਬੰਧੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ ਬਚਾਉਣਾ ਹੀ ਸੜਕ ਸੁਰੱਖਿਆ ਮੁਹਿੰਮ ਦਾ ਮੁੱਖ ਮੰਤਵ ਏ। ਉਨ੍ਹਾਂ ਟ੍ਰੈਫਿਕ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਇਸ ਮੁਹਿੰਮ ਤਹਿਤ ਸੀਟ ਬੈਲਟ ਨਾ ਲਗਾਉਣ ਵਾਹਨ ਚਲਾਉਣ ਸਮੇਂ ਮੋਬਾਈਲ ਦੀ ਵਰਤੋਂ, ਓਵਰ ਸਪੀਡ, ਹੈਲਮਟ ਨਾ ਪਹਿਨਣ, ਰੈੱਡ ਲਾਈਟ ਦੀ ਉਲੰਘਣਾ ਕਰਨ ਅਤੇ ਸ਼ਰਾਬ ਪੀ ਕੇ ਵਾਹਨ ਚਲਾਉਣ ਵਰਗੀਆਂ ਉਲੰਘਣਾਂ ਖ਼ਿਲਾਫ਼ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਿਰਫ਼ ਚਲਾਨ ਕਰਨ ਦੀ ਬਜਾਏ ਸੜਕ ਸੁਰੱਖਿਆ ਸਬੰਧੀ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾ ਕੇ ਆਮ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣੂ ਕਰਵਾਇਆ ਜਾਵੇ, ਤਾਂ ਜੋ ਸੜਕ ਹਾਦਸਿਆਂ ਵਿੱਚ ਕਮੀ ਲਿਆਂਦੀ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ

ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਨੂੰ ਮਜ਼ਬੂਤ ਕੀਤਾ ਜਾ ਸਕੇ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਰੋਡ ਸੇਫਟੀ ਦੇ ਸਬੰਧ ਵਿੱਚ ਆਪੋਂ ਆਪਣੇ ਵਿਭਾਗ ਨਾਲ ਸਬੰਧਤ ਕੀਤੇ ਗਏ ਕਾਰਜਾਂ ਦੀਆਂ ਰਿਪੋਰਟਾਂ ਜਮ੍ਹਾਂ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ। ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਸਕੂਲਾਂ ਵਿੱਚ ਬੱਚਿਆਂ ਦੇ ਪੇਟਿੰਗ, ਭਾਸ਼ਣ, ਕਵਿਤਾ ਮੁਕਾਬਲੇ ਕਰਵਾਉਣ ਲਈ ਕਿਹਾ ਗਿਆ ਏ।

---------------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ ਅਤੇ ਦਿੱਲੀ ਵਿੱਚ ਅੱਜ ਲਈ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦਾ ORANGE ALERT ਜਾਰੀ ਕੀਤਾ ਏ। ਮੌਸਮ ਵਿਭਾਗ ਨੇ ਅੱਜ ਅਤੇ ਕੱਲ੍ਹ ਲਈ ਜੰਮੂ-ਕਸ਼ਮੀਰ, ਲੱਦਾਖ, ਹਿਮਾਚਲ ਪ੍ਰਦੇਸ਼, ਉਤਰਾਖੰਡ, ਉੱਤਰ ਪ੍ਰਦੇਸ਼, ਪੱਛਮੀ ਰਾਜਸਥਾਨ ਅਤੇ ਉੱਤਰ-ਪੂਰਬੀ ਰਾਜਾਂ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ. ਵਿਭਾਗ ਨੇ ਕਿਹਾ ਏ ਕਿ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਅਤੇ ਰਾਜਸਥਾਨ ਵਿੱਚ ਅੱਜ ਸੀਤ ਲਹਿਰ ਦੀ ਸਥਿਤੀ ਜਾਰੀ ਰਹੇਗੀ।

---------------------------------------------------------------------------------

ਖੇਲੋ ਇੰਡੀਆ ਬੀਚ ਗੇਮਜ਼ 2026 ਵਿੱਚ ਪੇਂਚਕ ਸਿਲਾਟ ਮੁਕਾਬਲੇ, ਵਿੱਚ ਚੰਡੀਗੜ੍ਹ ਦੀ ਔਰਤਾਂ ਦੀ ਟੀਮ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ, ਜਿਸ ਵਿੱਚ ਸਿਮਰਨ ਅਤੇ ਸੋਨੀਆ ਨੇ ਸੋਨੇ ਦਾ ਤਮਗਾ ਜਿੱਤਿਆ। ਮਨੀਪੁਰ ਨੇ ਮਰਦਾਂ ਦੇ ਮੁਕਾਬਲੇ ਵਿੱਚ ਆਪਣਾਸੋਨੇ ਦਾ ਪਹਿਲਾ ਤਮਗਾ ਜਿੱਤਿਆ। ਖੇਲੋ ਇੰਡੀਆ ਬੀਚ ਗੇਮਜ਼ ਦੇ ਦੂਜੇ ਐਡੀਸ਼ਨ ਵਿੱਚ 1 ਹਜ਼ਾਰ 100 ਤੋਂ ਵੱਧ ਐਥਲੀਟ ਅੱਠ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲੈ ਰਹੇ ਨੇ।

---